**ਸਲੋਕੁ ਮਃ ੧ ॥ ਦੁਖੁ ਦਾਰੂ ਸੁਖੁ ਰੋਗੁ ਭਇਆ ਜਾ ਸੁਖੁ ਤਾਮਿ ਨ ਹੋਈ ॥ ਤੂੰ ਕਰਤਾ ਕਰਣਾ ਮੈ ਨਾਹੀ ਜਾ ਹਉ ਕਰੀ ਨ ਹੋਈ ॥੧॥ ਬਲਿਹਾਰੀ ਕੁਦਰਤਿ ਵਸਿਆ ॥ ਤੇਰਾ ਅੰਤੁ ਨ ਜਾਈ ਲਖਿਆ ॥੧॥ ਰਹਾਉ ॥ ਜਾਤਿ ਮਹਿ ਜੋਤਿ ਜੋਤਿ ਮਹਿ ਜਾਤਾ ਅਕਲ ਕਲਾ ਭਰਪੂਰਿ ਰਹਿਆ ॥ ਤੂੰ ਸਚਾ ਸਾਹਿਬੁ ਸਿਫਤਿ ਸੁਆਲ੍ਹਿਉ ਜਿਨਿ ਕੀਤੀ ਸੋ ਪਾਰਿ ਪਇਆ ॥ ਕਹੁ ਨਾਨਕ ਕਰਤੇ ਕੀਆ ਬਾਤਾ ਜੋ ਕਿਛੁ ਕਰਣਾ ਸੁ ਕਰਿ ਰਹਿਆ ॥੨॥**

ਪਦਅਰਥ:- ਤਾਮਿ—ਤਦੋਂ। ਕਰਣਾ—ਕਰਨਹਾਰ। ਮੈ ਨਾਹੀ—ਮੈਂ ਕੁਝ ਭੀ ਨਹੀਂ, ਮੇਰੀ ਕੋਈ ਪਾਂਇਆਂ ਨਹੀਂ ਹੈ। ਜਾ ਹਉ ਕਰੀ—ਜੇ ਮੈਂ 'ਹਉ' ਆਖਾਂ, ਜੇ ਮੈਂ ਆਪਣੇ ਆਪ ਨੂੰ ਕੁਝ ਸਮਝ ਬੈਠਾਂ। ਨ ਹੋਈ—ਨਹੀਂ ਫਬਦਾ, ਇਹ ਗੱਲ ਫਬਦੀ ਨਹੀਂ। ਜਾਤਿ—ਸ੍ਰਿਸ਼ਟੀ। ਜੋਤਿ—ਰੱਬ ਦਾ ਨੂਰ। ਜੋਤਿ ਮਹਿ—ਸਾਰੀਆਂ ਜੋਤੀਆਂ ਵਿਚ, ਸਾਰੇ ਜੀਵਾਂ ਵਿਚ। ਜਾਤਾ—ਵੇਖਿਆ ਜਾਂਦਾ ਹੈ, ਦਿੱਸ ਰਿਹਾ ਹੈ। ਅਕਲ—ਸੰਪੂਰਨ। ਕਲਾ—ਟੋਟਾ, ਹਿੱਸਾ। ਅਕਲ ਕਲਾ—ਜਿਸ ਦੇ ਵਖੋ ਵਖਰੇ ਟੋਟੇ ਨਾ ਹੋਣ, ਇਕ-ਰਸ ਸੰਪੂਰਣ ਪ੍ਰਭੂ। ਸੁਆਲਿਉ—ਸੋਹਣੀ, ਸੁੰਦਰ। ਜਿਨਿ ਕੀਤੀ—ਜਿਸਨੇ (ਤੇਰੀ ਵਡਿਆਈ) ਕੀਤੀ। ਨਾਨਕ—ਹੇ ਨਾਨਕ! ਕਹੁ ਕਰਤੇ ਕੀਆ ਬਾਤਾ—ਕਰਤਾਰ ਦੀਆਂ ਗੱਲਾਂ ਆਖ।

ਅਰਥ:- (ਹੇ ਪ੍ਰਭੂ! ਤੇਰੀ ਅਜਬ ਕੁਦਰਤ ਹੈ ਕਿ) ਬਿਪਤਾ (ਜੀਵਾਂ ਦੇ ਰੋਗਾਂ ਦਾ) ਇਲਾਜ (ਬਣ ਜਾਂਦੀ) ਹੈ, ਅਤੇ ਸੁਖ (ਉਹਨਾਂ ਲਈ) ਦੁੱਖ ਦਾ (ਕਾਰਨ) ਹੋ ਜਾਂਦਾ ਹੈ। ਪਰ ਜੇ (ਅਸਲੀ ਆਤਮਕ) ਸੁਖ (ਜੀਵ ਨੂੰ) ਮਿਲ ਜਾਏ, ਤਾਂ (ਦੁੱਖ) ਨਹੀਂ ਰਹਿੰਦਾ। ਹੇ ਪ੍ਰਭੂ! ਤੂੰ ਕਰਨਹਾਰ ਕਰਤਾਰ ਹੈਂ (ਤੂੰ ਆਪ ਹੀ ਇਹਨਾਂ ਭੇਤਾਂ ਨੂੰ ਸਮਝਦਾ ਹੈਂ), ਮੇਰੀ ਸਮਰਥਾ ਨਹੀਂ ਹੈ (ਕਿ ਮੈਂ ਸਮਝ ਸਕਾਂ)। ਜੇ ਮੈਂ ਆਪਣੇ ਆਪ ਨੂੰ ਕੁਝ ਸਮਝ ਲਵਾਂ (ਭਾਵ, ਜੇ ਮੈਂ ਇਹ ਖ਼ਿਆਲ ਕਰਨ ਲੱਗ ਪਵਾਂ ਕਿ ਮੈਂ ਤੇਰੇ ਭੇਤ ਨੂੰ ਸਮਝ ਸਕਦਾ ਹਾਂ) ਤਾਂ ਇਹ ਗੱਲ ਫਬਦੀ ਨਹੀਂ।1।

ਹੇ ਕੁਦਰਤ ਵਿਚ ਵੱਸ ਰਹੇ ਕਰਤਾਰ! ਮੈਂ ਤੈਥੋਂ ਸਦਕੇ ਹਾਂ, ਤੇਰਾ ਅੰਤ ਪਾਇਆ ਨਹੀਂ ਜਾ ਸਕਦਾ।1। ਰਹਾਉ।

ਸਾਰੀ ਸ੍ਰਿਸ਼ਟੀ ਵਿਚ ਤੇਰਾ ਹੀ ਨੂਰ ਵੱਸ ਰਿਹਾ ਹੈ, ਸਾਰੇ ਜੀਵਾਂ ਵਿਚ ਤੇਰਾ ਹੀ ਪ੍ਰਕਾਸ਼ ਹੈ, ਤੂੰ ਸਭ ਥਾਈਂ ਇਕ-ਰਸ ਵਿਆਪਕ ਹੈਂ। ਹੇ ਪ੍ਰਭੂ! ਤੂੰ ਸਦਾ-ਥਿਰ ਰਹਿਣ ਵਾਲਾ ਹੈਂ, ਤੇਰੀਆਂ ਸੋਹਣੀਆਂ ਵਡਿਆਈਆਂ ਹਨ। ਜਿਸ ਜਿਸ ਨੇ ਤੇਰੇ ਗੁਣ ਗਾਏ ਹਨ, ਉਹ ਸੰਸਾਰ-ਸਮੁੰਦਰ ਤੋਂ ਤਰ ਗਿਆ ਹੈ। ਹੇ ਨਾਨਕ! (ਤੂੰ ਭੀ) ਕਰਤਾਰ ਦੀ ਸਿਫ਼ਤਿ-ਸਾਲਾਹ ਕਰ, (ਤੇ ਆਖ ਕਿ) ਪ੍ਰਭੂ ਜੋ ਕੁਝ ਕਰਨਾ ਚੰਗਾ ਸਮਝਦਾ ਹੈ ਉਹ ਕਰ ਰਿਹਾ ਹੈ (ਭਾਵ, ਉਸ ਦੇ ਕੰਮਾਂ ਵਿਚ ਕਿਸੇ ਦਾ ਦਖ਼ਲ ਨਹੀਂ ਹੈ)।1।